**ਪ੍ਰੈਸ ਨੋਟ-1**

**1/20082/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ

ਕਿਸਾਨਾਂ ਨੂੰ ਕਣਕ ਦੀ ਖਰੀਦ, ਲਿਫਟਿੰਗ ਤੇ ਅਦਾਇਗੀ ਲਈ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ-ਰਾਮਵੀਰ

ਕਣਕ ਦੀ ਖਰੀਦ ਪ੍ਰਬੰਧਾਂ ਨੂੰ ਲੈ ਕੇ ਐਮ ਡੀ ਪਨਸਪ ਨੇ ਜ਼ਿਲ੍ਹੇ ਦੀਆਂ ਮੰਡੀਆ ਦਾ ਕੀਤਾ ਦੌਰਾ

ਮੰਡੀਆਂ ਵਿਚ ਇਕੱਠ ਤੋਂ ਗੁਰੇਜ ਕਰਦਿਆਂ ਸੋਸ਼ਲ ਡਿਸਟੈਂਸਿੰਗ ਨੂੰ ਬਣਾਇਆ ਜਾਵੇ ਯਕੀਨੀ - ਡਿਪਟੀ ਕਮਿਸ਼ਨਰ

ਫ਼ਾਜਿਲਕਾ 24 ਅਪ੍ਰੈਲ

ਪਨਸਪ ਦੇ ਐਮ ਡੀ ਸ੍ਰੀ ਰਾਮਵੀਰ ਨੇ ਜ਼ਿਲ੍ਰੇ ਦੀਆਂ ਦੀਆਂ ਮੁੱਖ ਅਨਾਜ ਮੰਡੀਆਂ ਜਲਾਲਾਬਾਦ, ਫ਼ਾਜ਼ਿਲਕਾ ਤੇ ਅਬੋਹਰ ਦਾ ਦੌਰਾ ਕਰ ਕੇ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜਾ ਲਿਆ। ਇਸ ਮੌਕੇ ਉਨ੍ਹਾਂ ਆੜਤੀਆਂ ਤੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਣਕ ਦੀ ਖਰੀਦ, ਲਿਫਟਿੰਗ ਤੇ ਅਦਾਇਗੀ ਲਈ ਕਿਸੇ ਤਰ੍ਹਾਂ ਦੀ ਪ੍ਰੇਸ਼ਾਣੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਉਨ੍ਹਾਂ ਨਾਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਇਸ ਦੌਰਾਨ ਐਮ ਡੀ ਪਨਸਪ ਸ੍ਰੀ ਰਾਮਵੀਰ ਨੇ ਮੰਡੀਆਂ ਵਿਚ ਪਈ ਕਣਕ ਦੀ ਨਮੀ ਦੀ ਮਾਤਰਾ ਚੈੱਕ ਕਰਦਿਆਂ ਖਰੀਦ ਏਜੰਸੀਆਂ ਨੂੰ ਲਿਫਟਿੰਗ ਦੇ ਕੰਮ ਵਿਚ ਤੇਜ਼ੀ ਲਿਆਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਅੱਜ ਦੇ ਦਿਨ ਤੱਕ ਪਿਛਲੇ ਸਾਲ ਨਾਲੋਂ ਢਾਈ ਗੁਣਾ ਵੱਧ ਕਣਕ ਦੀ ਖਰੀਦ ਹੋਈ ਹੈ ਜੋ ਕਿ ਬਹੁਤ ਹੀ ਚੰਗੀ ਗੱਲ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਾਰੇ ਪ੍ਰਬੰਧ ਵਧੀਆ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ, ਆੜਤੀਆਂ, ਲੇਬਰ ਤੇ ਹੋਰ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੀ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਨ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਸ੍ਰੀ ਰਾਮਵੀਰ ਨੇ ਕਿਹਾ ਕਿ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਸਰਕਾਰ ਵੱਲੋਂ ਸੁਰੱਖਿਆ ਨੂੰ ਲੈ ਕੇ ਮੰਡੀਆਂ ਵਿਚ ਪੂਰੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਲੋਕਾਂ ਦੇ ਜੀਵਨ ਦੀ ਸੁਰੱਖਿਆਂ ਨੂੰ ਧਿਆਨ ਵਿਚ ਰੱਖ ਕੇ ਹੀ ਕਣਕ ਦੀ ਖਰੀਦ ਦੀ ਪ੍ਰਕ੍ਰਿਆ ਕੀਤੀ ਜਾ ਰਹੀ ਹੈ। ਇਸ ਦੌਰਾਨ ਉਨ੍ਹਾਂ ਮੰਡੀਆਂ ਵਿਚ ਭੀੜ ਨਾ ਕਰਨ ਅਤੇ ਸੋਸ਼ਲ ਡਿਸਟੈਂਸਿਗ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਮੰਡੀਆਂ ਨੂੰ ਸੈਨੇਟਾਈਜ਼ ਕਰਨ ਅਤੇ ਲੇਬਰ ਤੇ ਕਿਸਾਨਾਂ ਨੂੰ ਮਾਸਕ ਪਹਿਨਣਾ ਲਾਜ਼ਮੀ ਕਰਨ ਲਈ ਵੀ ਕਿਹਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਦੀ ਫਸਲ ਦੀ ਨਾਲੋ-ਨਾਲ ਖਰੀਦ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੀਤੇ ਦਿਨਾਂ ਤੋਂ ਲਿਫਟਿੰਗ ਦੇ ਕੰਮ ਵਿਚ ਵੀ ਤੇਜੀ ਲਿਆਂਦੀ ਗਈ ਹੈ। ਕਿਸਾਨਾਂ ਨੂੰ ਫਸਲ ਦੀ ਖਰੀਦ ਮਗਰੋਂ ਅਦਾਇਗੀ ਵੀ ਤੈਅ ਸਮੇਂ ਅਨੁਸਾਰ ਕੀਤੀ ਜਾ ਰਹੀ ਹੈ। ਇਸ ਦੌਰਾਨ ਆੜਤੀਆਂ ਤੇ ਕਿਸਾਨਾਂ ਵੱਲੋਂ ਵੀ ਜ਼ਿਲ੍ਹਾ ਪ੍ਰਸ਼ਾਸਨ ਦੁਆਰਾ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਗਈ।

ਇਸ ਤੋਂ ਪਹਿਲਾਂ ਐਮ ਡੀ ਪਨਸਪ ਸ੍ਰੀ ਰਾਮਵੀਰ ਵੱਲੋਂ ਜਲਾਲਾਬਾਦ ਦੀ ਮੁੱਖ ਅਨਾਜ ਮੰਡੀ ਵਿਖੇ ਦੌਰਾ ਕਰਕੇ ਕਣਕ ਦੀ ਖਰੀਦ ਦੇ ਪ੍ਰਬੰਧਾਂ ਬਾਰੇ ਜਾਇਜਾ ਲਿਆ। ਆੜਤੀਆਂ, ਕਿਸਾਨਾਂ ਤੇ ਲੇਬਰ ਨਾਲ ਗੱਲਬਾਤ ਕਰਕੇ ਸਮੱਸਿਆਵਾਂ ਵੀ ਸੁਣੀਆਂ ਗਈਆਂ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਣਕ ਦੀ ਲਿਫਟਿੰਗ ਵਿੱਚ ਹੋਰ ਤੇਜੀ ਲਿਆਂਦੀ ਜਾਵੇ। ਉਨ੍ਹਾਂ ਇਹ ਵੀ

ਖਾਸ ਹਦਾਇਤ ਕੀਤੀ ਕਿ ਜੇਕਰ ਕਣਕ ਦੀ ਲਿਫਟਿੰਗ ਦੇ ਸਬੰਧ ਵਿੱਚ ਕਿਸਾਨਾਂ ਤੋਂ ਡਾਲੇ ਦੇ ਨਾਮ 'ਤੇ ਕੋਈ ਪੈਸੇ ਦੀ ਮੰਗ ਕਰਦਾ ਪਾਇਆ ਗਿਆ ਤਾਂ ਸਬੰਧਤ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਉਪਰੰਤ ਉਨ੍ਹਾਂ ਵੱਲੋਂ ਅਬੋਹਰ ਦੇ ਦਫ਼ਤਰ ਮਾਰਕੀਟ ਕਮੇਟੀ ਵਿਖੇ ਮੰਡੀ ਬੋਰਡ, ਜ਼ਿਲ੍ਹਾ ਖੁਰਾਕ ਸਪਲਾਈ ਵਿਭਾਗ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਲੋੜੀਂਦੇ ਆਦੇਸ਼ ਦਿੱਤੇ।

ਇਸ ਮੌਕੇ ਐਸ.ਡੀ.ਐਮ ਜਲਾਲਾਬਾਦ ਸ੍ਰੀ ਕੇਸ਼ਵ ਗੋਇਲ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫਸਰ ਰਾਜਰਿਸ਼ੀ ਮਹਿਰਾ, ਮਾਰਕੀਟ ਕਮੇਟੀ ਅਬੋਹਰ ਦੇ ਚੇਅਰਮੈਨ ਸ੍ਰੀ ਸੁਰਿੰਦਰ ਬਿਸ਼ਨੋਈ, ਜ਼ਿਲ੍ਹਾ ਮੰਡੀ ਅਫ਼ਸਰ ਸਵਰਨ ਸਿੰਘ, ਤਹਿਸੀਲਦਾਰ ਅਬੋਹਰ ਸ. ਜਸਪਾਲ ਸਿੰਘ ਬਰਾੜ ਤੋਂ ਇਲਾਵਾ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਮੌਜੂਦ ਸਨ।

**ਪ੍ਰੈਸ ਨੋਟ ਨੰਬਰ- 2**

**1/20133 /2020**

ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਕੋਰੋਨਾ ਵਾਇਰਸ ਨਾਲ ਪੀੜਤ ਮ੍ਰਿਤਕ ਦੇ ਅੰਤਮ ਸੰਸਕਾਰ ਲਈ ਹਦਾਇਤਾਂ ਜਾਰੀ

ਫ਼ਾਜ਼ਿਲਕਾ, 24 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਕੋਰੋਨਾ ਵਾਇਰਸ ਨਾਲ ਪੀੜ੍ਹਤ ਮ੍ਰਿਤਕ ਦੀ ਦੇਹ ਦਾ ਸਸਕਾਰ ਕਰਨ ਲਈ ਭਾਰਤ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰਾਲਾ ਨਵੀਂ ਦਿੱਲੀ ਵੱਲੋਂ ਜਾਰੀ ਕੋਵਿਡ-19 ਗਾਈਡਲਾਇਨਜ਼ ਆਨ ਡੈਂਡ ਬਾਡੀ ਮੈਨਜਮੈਂਟ ਅਤੇ ਪੰਜਾਬ ਸਰਕਾਰ ਦੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਦੇ ਪੱਤਰ ਨੂੰ ਮੁੱਖ ਰੱਖਦੇ ਹੋਏ ਕੋਰੋਨਾ ਵਾਇਰਸ ਪੀੜ੍ਹਤ ਮਰੀਜ ਦੀ ਮੋਤ ਹੋ ਜਾਣ ਦੀ ਸੂਰਤ ਵਿਚ ਉਸ ਦੀ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਕਰਨ ਲਈ ਹਦਾਇਤਾ ਜਾਰੀ ਕੀਤੀਆਂ ਗਈਆ ਹਨ।

ਜਾਰੀ ਹੁਕਮਾਂ 'ਚ ਉਨ੍ਹਾਂ ਕਿਹਾ ਕਿ ਇਹ ਕਿ ਕੋਰੋਨਾ ਵਾਇਰਸ ਪੀੜਤ ਵਿਅਕਤੀਆਂ ਦੀ ਮੋਤ ਹੋਣ ਜਾਣ ਉਪਰੰਤ ਮ੍ਰਿਤਕ ਦੀ ਦੇਹ, ਪਰਿਵਾਰ ਦੇ ਮੈਂਬਰਾਂ ਵੱਲੋਂ ਹੀ ਸਬੰਧਤ ਹਸਪਤਾਲ ਤੋਂ ਪ੍ਰਾਪਤ ਕੀਤੀ ਜਾਵੇਗੀ ਅਤੇ ਸ਼ਮਸਾਨ ਘਾਟ ਵਿਚ ਅੰਤਿਮ ਸਸਕਾਰ ਪਰਿਵਾਰ ਵੱਲੋਂ ਸਰਕਾਰ ਦੀਆਂ ਗਾਇਡਲਾਇਨਜ਼/ਹਦਾਇਤਾਂ ਮੁਤਾਬਕ ਸਰਕਾਰੀ ਗਠਿਤ ਕਮੇਟੀ ਦੀ ਹਾਜਰੀ ਵਿੱਚ ਕਰਨਾ ਲਾਜ਼ਮੀ ਹੋਵੇਗਾ। ਇਸ ਤੋਂ ਇਲਾਵਾ ਅਗਰ ਮ੍ਰਿਤਕ ਦੇ ਪਰਿਵਾਰ ਦਾ ਮੈਂਬਰ, ਮ੍ਰਿਤਕ ਦੀ ਲਾਸ਼ ਸਸਕਾਰ ਕਰਨ ਲਈ ਲੈਣ ਤੋਂ ਇਨਕਾਰ ਕਰਦਾ ਹੈ ਤਾਂ ਅਜਿਹੀ ਸਥਿਤੀ ਵਿਚ ਸਬੰਧਤ ਹਸਪਤਾਲ ਦੇ ਡਾਕਟਰ/ਮੈਡੀਕਲ ਸੁਪਰਡੰਟ ਵੱਲੋਂ ਇਸ ਬਾਰੇ ਸਬੰਧਤ ਥਾਨੇ ਦੇ ਮੁੱਖ ਅਫਸਰ ਨੂੰ ਲਿਖਤੀ ਸੂਚਨਾ ਭੇਜੀ ਜਾਵੇਗੀ।

ਇਹ ਕਿ ਸਬੰਧਤ ਡਾਕਟਰ/ਮੈਡੀਕਲ ਸੁਪਰਡੰਟ ਵੱਲੋਂ ਸੂਚਨਾ ਮਿਲਣ ਉਪਰੰਤ ਥਾਨੇ ਦਾ ਮੁੱਖੀ ਜਾਂ ਉਸ ਵੱਲੋਂ ਨਿਯੁਕਤ ਕੀਤੇ ਗਿਆ ਥਾਨੇਦਾਰ ਤੁਰੰਤ ਕਾਨੂੰਨ/ਨਿਯਮਾਂ ਦੀਆਂ ਧਾਰਾਵਾਂ ਨੂੰ ਮੁੱਖ ਰੱਖਦੇ ਹੋਏ, ਪੜਤਾਲ/ਲੋੜੀਂਦੀ ਕਾਰਵਾਈ ਕਰਨ ਉਪਰੰਤ, ਜੇਕਰ ਪਾਇਆ ਜਾਂਦਾ ਹੈ ਕਿ ਮ੍ਰਿਤਕ ਦਾ ਕੋਈ ਵੀ ਪਰਿਵਾਰਕ ਮੈਬਰ ਜਾਂ ਮਿੱਤਰ ਮ੍ਰਿਤਕ ਦੀ ਦੇਹ ਨੂੰ ਸਸਕਾਰ ਕਰਨ ਲਈ ਤਿਆਰ ਨਹੀਂ ਹਨ ਤਾਂ ਸਬੰਧਤ ਥਾਨਾ ਮੁੱਖੀ ਮ੍ਰਿਤਕ ਦੇਹ ਨੂੰ ਅਨਕਲੇਮ ਡੈਂਡ ਬਾਡੀ ਤਸੱਵਰ ਕਰਦੇ ਹੋਏ, ਮ੍ਰਿਤਕ ਦੀ ਦੇਹ ਦਾ ਸਸਕਾਰ ਕਰਵਾਉਣ ਲਈ ਕਾਰਵਾਈ ਆਰੰਭ ਕਰੇਗਾ।

ਕੋਰੋਨਾ ਵਾਇਰਸ ਮ੍ਰਿਤਕ ਦੀ ਦੇਹ ਦਾ ਸਸਕਾਰ ਕਰਨ ਲਈ  ਕੇਮਟੀ ਗਠਿਤ ਕੀਤੀ ਜਾਦੀ ਹੈ ਜਿਸ ਵਿੱਚ ਡਿਊਟੀ ਮੈਜਸਟਰੇਟ, ਜੋ ਸਬੰਧਤ ਉਪ ਮੰਡਲ ਮੈਜਿਸਟਰੇਟ, ਵੱਲੋ ਤਾਇਨਾਤ ਕੀਤਾ ਜਾਵੇਗਾ। ਸਬੰਧਤ ਥਾਨੇ ਦਾ ਮੁੱਖ ਥਾਨਾ ਅਫਸਰ ਜਾਂ ਉਸ ਵੱਲੋ ਅਧਿਕਾਰਤ ਕੀਤਾ ਗਿਆ, ਥਨੇਦਾਰ। ਨਗਰ ਨਿਗਮ, ਨਗਰ ਪੰਚਾਇਤ, ਨਗਰ ਕੌਂਸਲ ਵੱਲੋ ਗਠਿਤ ਕੀਤੀ ਗਈ ਕਮੇਟੀ ਦੇ ਸਮੂਹ ਮੈਂਬਰ। ਸਬੰਧਤ ਸ਼ਮਸ਼ਾਨ ਘਾਟ ਦਾ, ਉਹ ਕਰਮਚਾਰੀ, ਜੋ ਮ੍ਰਿਤਕ ਦੇਹ ਦਾ ਸਸਕਾਰ ਕਰਵਾਉਂਦਾ ਹੈ। ਪਰਿਵਾਰ ਦੀ ਇੱਛਾ ਮੁਤਾਬਕ ਸਬੰਧਤ, ਪਰਿਵਾਰ ਦੇ ਉਹ ਮੈਂਬਰ, ਜਿਨ੍ਹਾਂ ਨੇ ਮ੍ਰਿਤਕ ਦੇਹ ਨੂੰ ਅਗਨੀ ਭੇਂਟ ਕਰਨੀ ਹੋਵੇ। ਇਹ ਕਿ ਉਕਤ ਗਠਿਤ ਕੀਤੀ ਗਈ ਕਮੇਟੀ ਇਸ ਗੱਲ ਦਾ ਪੂਰਾ ਖਿਆਲ ਰਖੇਗੀ ਕਿ ਕੋਰੋਨਾ ਵਾਇਰਸ ਨਾਲ ਪੀੜ੍ਹਤ ਮ੍ਰਿਤਕ ਦੀ ਦੇਹ ਦਾ ਸਸਕਾਰ ਪਰਿਵਾਰ ਦੀਆ ਪਹਿਲਾ ਤੋਂ ਚਲੀਆਂ ਆ ਰਹੀਆਂ ਰੀਤੀ-ਰਿਵਾਜਾਂ, ਜੋ ਕੇਵਲ ਸ਼ਮਸ਼ਾਨ ਘਾਟ ਵਿੱਚ ਚੱਲਦੀਆ ਹਨ ਤੋਂ ਇਲਾਵਾ ਸਰਕਾਰ ਦੀਆ ਹਦਾਹਿਤਾਂ/ਗਾਇਡਲਾਇਨਜ਼ ਮੁਤਾਬਕ ਕੀਤਾ ਜਾਵੇਗਾ।

ਸਸਕਾਰ ਕਰਨ ਵਾਲੀ ਟੀਮ ਦੇ ਸਮੂਹ ਮੈਂਬਰਾਂ ਨੂੰ ਸਿਵਲ ਸਰਜਨ ਫਾਜ਼ਿਲਕਾ ਵੱਲੋਂ ਲੋੜ ਅਨੁਸਾਰ ਨਿੱਜੀ ਸੁਰੱਖਿਆ ਉਪਕਰਣ ਸਪਲਾਈ ਕੀਤੀ ਜਾਵੇਗੀ ਅਤੇ ਸਸਕਾਰ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਟੀਮ ਨੂੰ ਟ੍ਰੇਨਿੰਗ ਵੀ ਦੇਣਗੇ। ਇਹ ਕਿ ਸਬੰਧਤ ਹਸਪਤਾਲ ਦਾ ਡਾਕਟਰ/ਮੈਡੀਕਲ ਸੁਪਰਡੰਟ ਮ੍ਰਿਤਕ ਦੀ ਦੇਹ ਨੂੰ ਵਿਸ਼ੇਸ ਐਬੂਲੈਂਸ ਰਾਹੀਂ ਭਾਰਤ ਸਰਕਾਰ/ਪੰਜਾਬ ਵੱਲੋਂ ਜਾਰੀ ਹਦਾਇਤਾ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਮੰਤਵ ਲਈ ਨਿਰਧਾਰਤ ਕੀਤੇ ਗਏ, ਸ਼ਮਸ਼ਾਨ ਘਾਟ ਵਿਚ ਪਹੁੰਚਾਉਣ ਲਈ ਜ਼ਿੰਮੇਵਾਰ ਹੋਣਗੇ।

ਜਾਰੀ ਹੁਕਮਾਂ ਅਨੁਸਾਰ ਕੋਰੋਨਾ ਵਾਇਰਸ ਨਾਲ ਪੀੜ੍ਹਤ ਮ੍ਰਿਤਕ ਦੀ ਦੇਹ ਦਾ ਸਸਕਾਰ ਕਰਨ ਲਈ ਫ਼ਾਜ਼ਿਲਕਾ ਵਿਖੇ ਸ੍ਰੀ ਸੇਵਕ ਸਭਾ ਸ਼ਿਵਪੁਰੀ ਬਾਰਡਰ ਰੋਡ ਜਿਸ ਦੇ ਇੰਚਾਰਜ ਸ੍ਰੀ ਨਰਿੰਦਰ ਕੁਮਾਰ, ਅਬੋਹਰ ਵਿਖੇ ਮੇਨ ਸ਼ਿਵਪੁਰੀ ਇੰਦਰਾ ਨਗਰੀ ਰੋਡ ਨੇੜੇ ਡਿਸਪੋਜਲ ਸ਼ਮਸ਼ਾਨ ਘਾਟ ਦੇ ਇੰਚਾਰਜ ਸ੍ਰੀ ਰਾਜ ਕੁਮਾਰ ਕੰੁਡਲ ਅਤੇ ਜਲਾਲਾਬਾਦ ਵਿਖੇ ਸੁਖਧਾਮ ਸਭਾ ਸ਼ਮਸ਼ਾਨ ਘਾਟ ਦੇ ਇੰਚਾਰਜ ਮੋਹਨ ਲਾਲ ਨੂੰ ਨਿਯੁਕਤ ਕੀਤਾ ਗਿਆ ਹੈ।

ਕੋਰੋਨਾ ਵਾਇਰਸ ਨਾਲ ਪੀੜ੍ਹਤ ਮ੍ਰਿਤਕ ਦੀ ਦੇਹ ਦਾ ਸਸਕਾਰ ਕਰਨ ਲਈ ਸਬੰਧਤ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਫਾਜਿਲਕਾ ਨੋਡਲ ਅਫਸਰ ਹੋਣਗੇ, ਜੋ ਸਾਰੇ ਪ੍ਰਬੰਧਾਂ ਨੂੰ ਪਹਿਲਾਂ ਤੋਂ ਹੀ ਮੁਕੰਮਲ ਕਰਨਗੇ। ਇਸ ਤੋਂ ਇਲਾਵਾ ਨੋਡਲ ਅਫਸਰ ਟੀਮ ਦੇ ਸਾਰੇ ਮੈਂਬਰਾਂ ਨੂੰ ਸਰਕਾਰ ਵੱਲੋਂ ਜਾਰੀ ਹਦਾਇਤਾਂ ਮੁਤਾਬਕ ਕੋਰੋਨਾ ਵਾਇਰਸ ਨਾਲ ਪੀੜ੍ਹਤ ਮ੍ਰਿਤਕ ਦੇਹ ਦਾ ਸਸਕਾਰ ਕੀਤਾ ਜਾਣਾ ਹੈ, ਦੀ ਪੂਰੀ ਟ੍ਰੇਨਿੰਗ ਦੇਣਗੇ।

**ਪ੍ਰੈਸ ਨੋਟ ਨੰਬਰ- 3**

**1/20151/2020**

ਸੂਚਨਾ ਤੇ ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਫਾਜਿਲਕਾ ਦੇ ਰਾਜਸਥਾਨ ਅੰਤਰ-ਰਾਜੀ ਬਾਰਡਰ ਦੇ 10 ਕਿਲੋਮੀਟਰ ਦੇ ਘੇਰੇ ਅੰਦਰ ਆਉਂਦੇ ਪੈਟਰੋਲ ਪੰਪ ਬੰਦ ਕਰਨ ਦੇ ਆਦੇਸ਼

ਸੋਮਵਾਰ, ਬੁੱਧਵਾਰ ਤੇ ਸ਼ੁਕਰਵਾਰ ਨੂੰ 12 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗੀ ਪਸ਼ੂਆ/ਪੋਲਟਰੀ ਆਹਾਰ ਦੀ ਸਪਲਾਈ

ਕੰਬਾਇਨਾਂ ਚਲਾਉਣ ਦਾ ਸਮਾਂ ਸਵੇਰੇ 7 ਵਜੇ ਤੋਂ ਰਾਤ 8 ਵਜੇ ਤੱਕ ਕੀਤਾ ਨਿਰਧਾਰਤ

ਕੁਆਪਰੇਟਿਵ ਸੁਸਾਇਟੀਆਂ ਨੂੰ ਖੋਲ੍ਹਣ ਦਾ ਸਮ੍ਹਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ

ਫ਼ਾਜ਼ਿਲਕਾ, 24 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਰਾਜਸਥਾਨ ਬਾਰਡਰ ਨਾਲ ਲੱਗਦੇ ਪੈਟਰੋਲ ਪੰਪਾਂ ਸਬੰਧੀ ਸਟੇਟ ਹਾਈਵੇ ਅਤੇ ਨੈਸ਼ਨਲ ਹਾਈਵੇ 'ਤੇ ਸਥਾਪਿਤ ਸਾਰੇ ਪੈਟਰੋਲ ਪੰਪ ਸਾਰਾ ਦਿਨ ਅਤੇ ਸ਼ਹਿਰੀ/ਪੇਂਡੂ ਖੇਤਰ ਵਿਚ ਰੋਜਾਨਾ ਸਵੇਰੇ 7 ਵਜੇ ਤੋਂ ਦੁਪਹਿਰ 12 ਵਜੇ ਤੱਕ ਖੋਲ੍ਹਣ ਲਈ ਮੁਕਰਰ ਕੀਤਾ ਗਿਆ ਸੀ, ਪਰ ਨਾਲ ਲੱਗਦੇ ਸਰਹੱਦੀ ਸੂਬੇ ਰਾਜਸਥਾਨ ਵਿਚ ਪੈਟਰੋਲ ਤੇ ਡੀਜ਼ਲ ਦੀਆ ਕੀਮਤਾ ਪੰਜਾਬ ਰਾਜ ਤੋਂ ਵੱਧ ਹਨ। ਜਿਸ ਕਾਰਣ ਫਾਜ਼ਿਲਕਾ ਜਿਲ੍ਹੇ ਨਾਲ ਲੱਗਦੀ ਅੰਤਰ-ਰਾਜੀ ਸਰਹੱਦ ਰਾਜਸਥਾਨ ਦੇ ਜ਼ਿਆਦਾਤਰ ਲੋਕ ਪੰਜਾਬ ਰਾਜ ਵਿੱਚ ਆਪਣੇ ਵਹੀਕਲਾਂ ਵਿੱਚ ਤੇਲ ਪਵਾਉਣ ਲਈ ਆਉਂਦੇ ਹਨ ਅਤੇ ਅੰਤਰ-ਰਾਜੀ ਮੂਵਮੈਂਟ ਹੋਣ ਲਾਲ ਫਾਜ਼ਿਲਕਾ ਜ਼ਿਲ੍ਹੇ ਅੰਦਰ ਕਰੋਨਾ ਬਿਮਾਰੀ ਫੈਲਣ ਦਾ ਖਤਰਾ ਹੈ। ਇਸ ਲਈ ਫਾਜ਼ਿਲਕਾ ਵਿੱਚ ਸਾਵਧਾਨੀ ਤੌਰ 'ਤੇ ਕਰਫਿਊ ਦੇ ਦੌਰਾਨ ਜੋ ਪੈਟਰੋਲ/ਡੀਜਲ ਪੰਪ ਜ਼ਿਲ੍ਹਾ ਫਾਜਿਲਕਾ ਦੇ ਰਾਜਸਥਾਨ ਅੰਤਰ-ਰਾਜੀ ਬਾਰਡਰ ਦੇ 10 ਕਿਲੋਮੀਟਰ ਦੇ ਘੇਰੇ ਅੰਦਰ ਆਉਂਦੇ ਹਨ ਨੂੰ ਪੂਰਨ ਤੌਰ ਤੇ ਬੰਦ ਕੀਤਾ ਜਾਂਦਾ ਹੈ। ਡੀ.ਐਫ.ਐਸ.ਸੀ ਇਹ ਕਾਰਵਾਈ ਯਕੀਨੀ ਬਣਾਉਣਗੇ।

ਜਾਰੀ ਹੁਕਮਾਂ 'ਚ ਉਨ੍ਹਾਂ ਕਿਹਾ ਕਿ ਪਸ਼ੂਆਂ/ਪੋਲਟਰੀ ਆਹਾਰ ਆਦਿ ਦੀ ਸਪਲਾਈ ਜ਼ਿਲ੍ਹਾ ਫਾਜ਼ਿਲਕਾ ਵਿੱਚ ਪਸ਼ੂਆ/ਪੋਲਟਰੀ ਆਹਾਰ ਆਦਿ ਦੀ ਸਪਲਾਈ ਕਰਨ ਦਾ ਸਮ੍ਹਾਂ ਹਰ ਰੋਜ਼ ਸਵੇਰੇ 10 ਤੋਂ ਬਾਅਦ ਦੁਪਹਿਰ 2 ਵਜੇ ਤੱਕ ਕੀਤਾ ਗਿਆ ਸੀ, ਪਰ ਹੁਣ ਹਫਤੇ ਵਿੱਚ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਬਾਅਦ ਦੁਪਿਹਰ 12 ਵਜੇ ਤੋਂ ਸ਼ਾਮ 5 ਵਜੇ ਤੱਕ ਮੁਕਰਰ ਕੀਤਾ ਜਾਂਦਾ ਹੈ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਯਕੀਨੀ ਬਨਾਉਣਗੇ। ਜ਼ਿਲ੍ਹਾ ਫ਼ਾਜ਼ਿਲਕਾ ਵਿੱਚ ਹਾੜੀ ਦੀ ਫਸਲ ਦੀ ਕਟਾਈ ਲਈ ਜਿੰਮੀਦਾਰਾਂ ਨੂੰ ਖੇਤਾਂ ਵਿੰਚ ਕੰਬਾਇਨ੍ਹਾਂ ਦੀ ਵਰਤੋਂ ਲਈ ਸਵੇਰੇ 6 ਤੋਂ ਸ਼ਾਮ 7 ਵਜੇ ਤੱਕ ਚਲਾਉਣ ਦੇ ਆਦੇਸ਼ ਦਿੱਤੇ ਗਏ ਸਨ, ਪਰ ਹੁਣ ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਕਰਦਿਆਂ ਕੰਬਾਇਨਾਂ ਚਲਾਉਣ ਦਾ ਸਮਾਂ ਸਵੇਰੇ 7 ਵਜੇ ਤੋਂ ਰਾਤ 8 ਵਜੇ ਤੱਕ ਮੁਕਰਰ ਕੀਤਾ ਗਿਆ ਹੈ। ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਇਹ ਕਾਰਵਾਈ ਯਕੀਨੀ ਬਣਾਉਣਗੇ। ਇਸੇ ਤਰ੍ਹਾਂ ਜ਼ਿਲ੍ਹੇ ਵਿੱਚ ਹਾੜੀ ਦੀ ਫਸਲ ਦੀ ਕਟਾਈ ਅਤੇ ਸਾਉਣੀ ਦੀ ਫਸਲ ਦੀ ਬਿਜਾਈ ਤੋਂ ਇਲਾਵਾ ਖੇਤੀਬਾੜੀ ਦੇ ਸੰਦਾਂ ਅਤੇ ਜ਼ਿੰਮੀਦਾਰਾਂ ਦੀਆਂ ਮੁਢਲੀਆਂ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਕੁਆਪਰੇਟਿਵ ਸੁਸਾਇਟੀਆਂ ਨੂੰ ਖੋਲ੍ਹਣ ਦਾ ਸਮ੍ਹਾਂ ਮੁਕਰਰ ਕੀਤਾ ਜਾਂਦਾ ਹੈ। ਕੋਆਪਰੇਟਿਵ ਸੁਸਾਇਟੀਆ ਵਿਚ ਡਿਊਟੀ 'ਤੇ ਤਾਇਨਾਤ ਕਰਮਚਾਰੀਆਂ ਦਾ ਆਈ.ਕਾਰਡ ਹੀ ਉਨ੍ਹਾਂ ਦਾ ਕਰਫਿਊ ਪਾਸ ਹੋਵੇਗਾ। ਜ਼ਿਲ੍ਹਾ ਰਜਿਸਟਰਾਰ ਕੋਆਪਰੇਟਿਵ ਸੁਸਾਇਟੀ, ਫਾਜ਼ਿਲਕਾ ਕੋਵਿਡ-19 ਅਧੀਨ ਪੰਜਾਬ ਸਰਕਾਰ/ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਨਾਉਣਗੇ।

**ਪ੍ਰੈਸ ਨੋਟ ਨੰਬਰ-4**

**1/20171/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਕਣਕ ਦੀ ਨਿਰਵਿਘਨ ਖਰੀਦ ਲਈ ਖੁਸ਼ਹਾਲੀ ਦੇ ਰਾਖਿਆਂ ਨੇ ਮੰਡੀਆਂ 'ਚ ਸੰਭਾਲੇ ਮੋਰਚੇ

ਜ਼ਿਲ੍ਹੇ ਦੀਆਂ ਸਮੁੱਚੀਆਂ ਅਨਾਜ ਮੰਡੀਆਂ 'ਚ 96 ਖੁਸ਼ਹਾਲੀ ਦੇ ਰਾਖੇ ਦੇ ਰਹੇ ਨੇ ਸੇਵਾਵਾਂ

ਫ਼ਾਜ਼ਿਲਕਾ, 24 ਅਪ੍ਰੈਲ

ਕਣਕ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ’ਚ ਖੁਸ਼ਹਾਲੀ ਦੇ ਰਾਖਿਆ ਨੇ ਮੋਰਚੇ ਸੰਭਾਲੇ ਹੋਏ ਹਨ, ਤਾਂ ਜੋ ਕੋਵਿਡ-19 ਕਾਰਨ ਲੌਕਡਾਊਨ ਦੇ ਮੱਦੇਨਜ਼ਰ ਕਿਸਾਨਾਂ ਨੂੰ ਮੰਡੀਆਂ ਵਿੱਚ ਕਣਕ ਲਿਆਉਣ ਅਤੇ ਵੇਚਣ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਖੁਸ਼ਹਾਲੀ ਦੇ ਰਾਖਿਆਂ (ਜੀ.ਓ.ਜੀ.) ਨੂੰ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਤਾਇਨਾਤ ਕੀਤਾ ਹੋਇਆ ਹੈ। ਪਿੰਡ ਪੱਧਰ ਤੋਂ ਲੈ ਕੇ ਜ਼ਿਲ੍ਹੇ ਦੀਆਂ ਮੁੱਖ ਅਨਾਜ ਮੰਡੀਆਂ ਵਿਖੇ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹੈਡ, ਤਹਿਸੀਲ ਹੈਡ ਤੋਂ ਇਲਾਵਾ ਪਿੰਡ ਪੱਧਰ ਤੱਕ ਤਾਇਨਾਤ ਕੀਤੇ ਗਏ 96 ਖੁਸ਼ਹਾਲੀ ਦੇ ਰਾਖੇ ਜ਼ਿਲ੍ਹੇ ਦੀਆਂ ਸਮੁੱਚੀਆਂ ਅਨਾਜ ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਖੁਸ਼ਹਾਲੀ ਦੇ ਰਾਖਿਆਂ ਦੀ ਨਿਗਰਾਨੀ ਕਾਰਨ ਪਿੰਡ ਘੁੜਿਆਣਾ ਵਿਖੇ ਸੇਵਾਵਾਂ ਦੇ ਰਹੇ ਖੁਸ਼ਹਾਲੀ ਦੇ ਰਾਖੇ ਅਮਰਿੰਦਰ ਸਿੰਘ ਤੇ ਦਿਲਬਾਗ ਸਿੰਘ ਅਤੇ ਚਿਮਨੇ ਵਾਲਾ ਦੇ ਖਰੀਦ ਕੇਂਦਰਾਂ ’ਚ ਤਾਇਨਾਤ ਖੁਸ਼ਹਾਲੀ ਦੇ ਰਾਖੇ ਭਗਤ ਸਿੰਘ ਤੇ ਗੁਰਮੀਤ ਸਿੰਘ ਦੀ ਹੁਸ਼ਿਆਰੀ ਕਾਰਨ ਜੋ ਪਹਿਲਾਂ ਆੜਤੀਆਂ ਵੱਲੋਂ ਜੂਟ ਦੀ ਬੋਰੀ ਦਾ ਵਜਨ 700 ਗ੍ਰਾਮ ਪਾਇਆ ਜਾ ਰਿਹਾ ਸੀ, ਨੂੰ ਮੌਕੇ ’ਤੇ ਵਜਨ ਦੀ ਜਾਂਚ ਕਰਨ ਉਪਰੰਤ 600 ਗ੍ਰਾਮ ਕਰਵਾਇਆ ਗਿਆ ਜਿਸ ਦੀ ਕਿਸਾਨਾ ਵੱਲੋਂ ਸ਼ਲਾਂਘਾ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਜੀ.ਓ.ਜੀ. ਦੀ ਸਮਰਪਿਤ ਭਾਵਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਪੂਰੀ ਨੌਕਰੀ ਮੁਲਕ ਦੀ ਸੇਵਾ ਦੇ ਲੇਖੇ ਲਾਈ ਅਤੇ ਹੁਣ ਜਦੋਂ ਕਿਸਾਨਾਂ ਲਈ ਮਦਦ ਦੀ ਘੜੀ ਆਈ ਤਾਂ ਸਾਬਕਾ ਫੌਜੀ ਆਪਣੀ ਵਡੇਰੀ ਉਮਰ ਦੀ ਪ੍ਰਵਾਹ ਨਾ ਕਰਦਿਆਂ ਮੰਡੀਆਂ ਵਿੱਚ ਖਰੀਦ ਕਾਰਜਾਂ ਵਿੱਚ ਵੀ ਸਰਕਾਰ ਦੀ ਮਦਦ ਕਰਨ ’ਚ ਡੱਟੇ ਹੋਏ ਹਨ।

ਖੁਸ਼ਹਾਲੀ ਦੇ ਰਾਖਿਆਂ ਦੇ ਜ਼ਿਲ੍ਹਾ ਹੈਡ ਕਰਨਲ ਅਜੀਤ ਸਿੰਘ ਸਮਾਘ ਨੇ ਦੱਸਿਆ ਕਿ ਕੋਵਿਡ-19 ਦੀ ਮਹਾਮਾਰੀ ਕਾਰਨ ਸਿਹਤ ਸੁਰੱਖਿਆ ਉਪਾਵਾਂ ਨੂੰ ਯਕੀਨੀ ਬਣਾਉਣ ਲਈ ਖਰੀਦ ਕੇਂਦਰਾਂ ਵਿੱਚ ਸਮਾਜਿਕ ਦੂਰੀ ਦੀ ਪਾਲਣਾ ਕਰਵਾਉਣ ਤੋਂ ਇਲਾਵਾ ਟ੍ਰੈਫਿਕ ਦੀ ਨਿਗਰਾਨੀ ਦਾ ਔਖਾ ਕਾਰਜ ਨਿਪਟਾਉਣ ਲਈ ਜੀ.ਓ.ਜੀ. ਮੰਡੀਆਂ ਬੋਰਡ ਦੇ ਮੁਲਾਜ਼ਮਾਂ ਨਾਲ ਮਿਲ ਕੇ ਸੇਵਾਵਾਂ ਨਿਭਾਅ ਰਹੇ ਹਨ ਤਾਂ ਕਿ ਮੰਡੀਆਂ ਵਿੱਚ ਭੀੜ-ਭੜਾਕਾ ਨਾ ਹੋਵੇ। ਜੀ.ਓ.ਜੀ. ਵੱਲੋਂ ਸਾਫ-ਸਫਾਈ ਦੀਆਂ ਹਾਲਤਾਂ ਬਾਰੇ ਰਿਪੋਰਟ ਕਰਨ ਤੋਂ ਇਲਾਵਾ ਕਿਸੇ ਵੀ ਹੋਰ ਮਸਲੇ ਬਾਰੇ ਤੁਰੰਤ ਸੀਨੀਅਰ ਅਥਾਰਟੀ ਦੇ ਨੋਟਿਸ ਵਿੱਚ ਲਿਆਂਦਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜੀ.ਓ.ਜੀ. ਪਹਿਲਾਂ ਤੋਂ ਸਥਾਪਤ ਢਾਂਚੇ ਦੁਆਰਾ ਕਿਸੇ ਵੀ ਮਾਮਲੇ ਬਾਰੇ ਆਪਣੇ ਤਹਿਸੀਲ ਜਾਂ ਜ਼ਿਲ੍ਹਾ ਇੰਚਾਰਜ ਰਾਹੀਂ ਚੰਡੀਗੜ੍ਹ ਵਿਖੇ ਸਥਿਤ ਹੈੱਡਕੁਆਰਟਰ ਵਿਖੇ ਸੂਚਿਤ ਕਰਦੇ ਹਨ ਜਿਸ ਤੋਂ ਬਾਅਦ ਅਗਲੇਰੀ ਕਾਰਵਾਈ ਲਈ ਉਨ੍ਹਾਂ ਵੱਲੋਂ ਭੇਜੀਆਂ ਰਿਪੋਰਟਾਂ ਨੂੰ ਮੰਡੀ ਬੋਰਡ ਨਾਲ ਸਾਂਝਾ ਕੀਤਾ ਜਾਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਇਸ ਔਖੇ ਸਮੇਂ ਵਿੱਚ ਮੰਡੀ ਬੋਰਡ ਵੱਲੋਂ ਕਣਕ ਦੀ ਫਸਲ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਅਤੇ ਸਿਹਤ ਸੁਰੱਖਿਆ ਉਪਾਵਾਂ ਲਈ ਇਹ ਕਦਮ ਸਹਾਈ ਸਿੱਧ ਹੋਣਗੇ।

ਇਸ ਮੌਕੇ ਜੀ.ਓ.ਜੀ. ਦੇ ਸਹਾਇਕ ਜ਼ਿਲ੍ਹਾ ਹੈਡ ਕਰਨਲ ਅਨਿਲ ਆਹੂਜਾ, ਤਹਿਸੀਲ ਹੈਡ ਅਬੋਹਰ ਕਰਨਲ ਆਈ.ਪੀ.ਐਸ ਘੁੰਮਣ, ਤਹਿਸੀਲ ਹੈਡ ਫ਼ਾਜ਼ਿਲਕਾ ਕਰਨਲ ਐਸ.ਪੀ.ਆਰ. ਗਾਬਾ, ਤਹਿਸੀਲ ਹੈਡ ਜਲਾਲਾਬਾਦ ਕੈਪਟਨ ਅੰਮ੍ਰਿਤ ਲਾਲ, ਜ਼ਿਲ੍ਹਾ ਸੁਪਰਵਾਈਜਰ ਸੂਬੇਦਾਰ ਜੈ ਚੰਦ ਹਾਜ਼ਰ ਸਨ।

**ਪ੍ਰੈਸ ਨੋਟ ਨੰਬਰ-5**

**1/20175/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜ਼ਿਲਕਾ

ਕੋਵਿਡ-19

ਫ਼ਾਜ਼ਿਲਕਾ ’ਚ ਹੁਣ ਤੱਕ ਲਏ ਗਏ 321 ਸੈਂਪਲਾਂ ’ਚੋਂ 191 ਨੈਗੇਟਿਵ: ਡਿਪਟੀ ਕਮਿਸ਼ਨਰ

130 ਸੈਂਪਲਾਂ ਦੀ ਰਿਪੋਰਟ ਆਉਣੀ ਬਾਕੀ

ਫ਼ਾਜ਼ਿਲਕਾ, 24 ਅਪ੍ਰੈਲ :

ਫਾਜ਼ਿਲਕਾ ਜ਼ਿਲ੍ਹਾ ਵਾਸੀਆਂ ਲਈ ਰਾਹਤ ਦੀ ਖਬਰ ਹੈ ਕਿ ਜ਼ਿਲ੍ਹੇ ’ਚ ਹੁਣ ਤੱਕ ਜੋ 321 ਸੈਂਪਲ ਲਏ ਗਏ ਸਨ ਜਿੰਨ੍ਹਾਂ ਵਿੱਚੋਂ 191 ਦੀ ਰਿਪੋਰਟ ਨੈਗੇਟਿਵ ਆਈ ਹੈ। ਇਸ ਤੋਂ ਪਹਿਲਾਂ ਬੁੱਧਵਾਰ ਨੂੰ ਭੇਜੇ ਗਏ 14 ਸੈਂਪਲਾਂ ਦੀ ਰਿਪੋਰਟ ਅੱਜ ਪ੍ਰਾਪਤ ਹੋਈ ਹੈ ਜੋ ਸਾਰੇ ਨੈਗੇਟਿਵ ਪਾਏ ਗਏ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦਿੱਤੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਿਰ ਵੀ ਇਸ ਅਦਿੱਖ ਦੁਸ਼ਮਣ ਤੋਂ ਘਬਰਾਉਣ ਦੀ ਨਹੀਂ ਸਗੋਂ ਸੁਚੇਤ ਰਹਿਣ ਦੀ ਜ਼ਰੂਰਤ ਹੈ।

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਬੀਤੇ ਵੀਰਵਾਰ ਤੱਕ (ਕੁੱਲ ਸੈਂਪਲਾਂ ’ਚ ਸ਼ਾਮਲ) ਨਵੇਂ 130 ਸੈਂਪਲਾਂ ਦੀ ਰਿਪੋਰਟ ਭੇਜੀ ਗਈ ਹੈ ਜੋ ਕੱਲ ਤੱਕ ਮਿਲਣ ਦੀ ਸੰਭਾਵਨਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀ ਇਸੇ ਤਰ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਦੇ ਰਹਿਣ ਤਾਂ ਜੋ ਜ਼ਿਲ੍ਹੇ ਅੰਦਰ ਇਕ ਵੀ ਕੋਰੋਨਾ ਦਾ ਕੇਸ ਪਾਜ਼ੀਟਿਵ ਨਾ ਆ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਮੇਂ-ਸਮੇਂ ’ਤੇ ਜਾਰੀ ਹੁੰਦੀਆਂ ਹਦਾਇਤਾਂ ਦੀ ਜ਼ਿਲ੍ਹਾ ਵਾਸੀਆਂ ਵੱਲੋ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

**ਪ੍ਰੈਸ ਨੋਟ ਨੰਬਰ-6**

**1/20184/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਫਲੂ, ਖੰਘ ਅਤੇ ਜੁਕਾਮ ਦੇ ਇਲਾਜ ਲਈ ਵਿਅਕਤੀਆਂ ਨੂੰ ਵੇਚੀਆਂ ਜਾਣ ਵਾਲੀਆਂ ਦਵਾਈਆਂ ਸਬੰਧੀ ਕੈਮਿਸਟਾਂ ਵੱਲੋਂ ਦਿੱਤੀ ਜਾਵੇ ਰਿਪੋਰਟ-ਸਿਵਲ ਸਰਜਨ

ਫ਼ਾਜ਼ਿਲਕਾ, 24 ਅਪ੍ਰੈਲ

ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਦੱਸਿਆ ਕਿ ਕੋਵਿਡ-19 ਮਹਾਮਾਰੀ ਦੌਰਾਨ ਸੰਭਾਵਤ ਮਰੀਜ਼ਾਂ ’ਤੇ ਨਜਰ ਰੱਖਣ ਲਈ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਫੂਡ ਐਂਡ ਡਰੱਗਜ ਐਡਮਨਿਸਟ੍ਰੇਸਨ ਪੰਜਾਬ ਦੇ ਸਮੂਹ ਜੋਨਲ ਲਾਇਸੈਂਸਿੰਗ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ।

ਡਾ. ਸੁਰਿੰਦਰ ਸਿੰਘ ਨੇ ਕਿਹਾ ਕਿ ਅਧਿਕਾਰੀਆਂ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਸਾਰੇ ਕੈਮਿਸਟਾਂ ਵੱਲੋਂ ਸਟੋਰ ’ਤੇ ਜਾਂ ਕਿਸੇ ਵਿਅਕਤੀ ਦੇ ਘਰ ਫਲੂ, ਖੰਘ ਅਤੇ ਜੁਕਾਮ ਦੇ ਇਲਾਜ ਲਈ ਦਵਾਈਆਂ ਦੀ ਸਪਲਾਈ ਕੀਤੀ ਜਾਂਦੀ ਹੈ, ਦੀ ਰਿਪੋਰਟ ਦਫ਼ਤਰ ਸਿਵਲ ਸਰਜਨ ਨੂੰ ਭੇਜਣਾ ਲਾਜਮੀ ਕਰਨਗੇ। ਉਨ੍ਹਾਂ ਦੱਸਿਆ ਕਿ ਫਲੂ, ਖਾਂਸੀ ਅਤੇ ਜੁਕਾਮ ਦੇ ਇਲਾਜ ਲਈ ਕਿਸੇ ਵਿਅਕਤੀ ਨੂੰ ਦਵਾਈਆਂ ਦੀ ਵਿਕਰੀ ਜਾਂ ਸਪਲਾਈ ਸੰਬੰਧੀ ਜਾਣਕਾਰੀ ਲੋਕਾਂ ਦੇ ਹਿੱਤ ਲਈ ਬਹੁਤ ਜਰੂਰੀ ਹੈ।

**ਪ੍ਰੈਸ ਨੋਟ ਨੰਬਰ-7**

**1/20191/2020**

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ

ਜ਼ਿਲ੍ਹੇ ਦੀਆਂ ਮੰਡੀਆਂ ’ਚ ਹੁਣ ਤੱਕ 152003 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ-ਡਿਪਟੀ ਕਮਿਸ਼ਨਰ

150152 ਮੀਟ੍ਰਿਕ ਟਨ ਕਣਕ ਦੀ ਹੁਣ ਤੱਕ ਹੋਈ ਖਰੀਦ

ਫ਼ਾਜ਼ਿਲਕਾ, 24 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ’ਚ ਸ਼ੁਕਰਵਾਰ ਸ਼ਾਮ ਤੱਕ 152003 ਮੀਟ੍ਰਿਕ ਟਨ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 150152 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ। ਮੰਡੀਆਂ ਵਿੱਚ ਕਿਸਾਨਾਂ ਵਾਸਤੇ ਹਰ ਤਰ੍ਹਾਂ ਦੇ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਕਣਕ ਸੁਕਾ ਕੇ ਲੈ ਕੇ ਆਉਣ ਅਤੇ ਟਰੈਕਟਰ-ਟਰਾਲੀ ’ਤੇ ਇਕ ਤੋਂ ਵੱਧ ਵਿਅਕਤੀ ਮੰਡੀਆਂ ਵਿੱਚ ਲਿਆਉਣ ਤੋਂ ਗੁਰੇਜ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਖਾਂਸੀ, ਜੁਕਾਮ ਜਾਂ ਬੁਖਾਰ ਹੋਵੇ ਤਾਂ ਉਹ ਮੰਡੀ ਵਿੱਚ ਨਾ ਆਵੇ ਬਲਕਿ ਸਿਹਤ ਕੇਂਦਰ ਵਿਖੇ ਜਾ ਕੇ ਆਪਣੀ ਜਾਂਚ ਕਰਵਾਉਣ ਤਾਂ ਜੋ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੰਡੀ ਅਫ਼ਸਰ ਸ. ਸਵਰਨ ਸਿੰਘ ਨੇ ਦੱਸਿਆ ਕਿ ਸ਼ੁਕਰਵਾਰ ਨੂੰ 31659 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਅਤੇ 31595 ਮੀਟ੍ਰਿਕ ਟਨ ਦੀ ਸਰਕਾਰੀ ਏਜੰਸੀਆਂ ਦੁਆਰਾ ਖਰੀਦ ਕੀਤੀ ਗਈ ਹੈ ਜਿਸ ਵਿਚੋਂ ਪਨਗਰੇਨ ਵੱਲੋਂ 7608 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 1135 ਮਾਰਕਫੈੱਡ ਵੱਲੋਂ 8447 ਮੀਟ੍ਰਿਕ ਟਨ, ਪਨਸਪ ਵੱਲੋਂ 9578 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 4827 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।